**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.),
2. ਸਮੂਹ ਸਕੂਲ ਮੁੱਖੀ

ਮੀਮੋ ਨੰ: AD(Co)/SSE/2021/2021295897

ਮਿਤੀ: 01.09.2021

**ਵਿਸ਼ਾ:-** **ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਦੀ ਪ੍ਰੀਖਿਆ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਲ੍ਹਾ ਅਧਿਕਾਰੀਆਂ ਨਾਲ ਸਮੇਂ-ਸਮੇਂ ਤੇ ਹੋਈਆਂ ਮੀਟਿੰਗਾਂ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਮੁੱਖ ਦਫ਼ਤਰ ਵੱਲੋਂ ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਦੀ ਪ੍ਰੀਖਿਆ ਲਈ ਜੋ ਵੀ ਸਮੱਗਰੀ (assignments, practice questions ਆਦਿ) ਵਿਦਿਆਰਥੀਆਂ ਦੀ ਤਿਆਰੀ ਲਈ ਅਧਿਆਪਕਾਂ ਨੂੰ ਭੇਜੀ ਜਾਂਦੀ ਹੈ ਉਹ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਵੱਖ-ਵੱਖ ਸੋਸ਼ਲ ਮੀਡੀਆ ਗਰੁੱਪਾਂ ਵਿੱਚ ਪਾ ਦਿੱਤਾ ਜਾਂਦੀ ਹੈ ਅਤੇ ਵਿਦਿਆਰਥੀਆਂ ਨੂੰ ਆਪਣੀ ਕਾਪੀਆਂ ਵਿੱਚ ਲਿਖ ਕੇ ਪ੍ਰੈਕਟਿਸ ਕਰਨ ਲਈ ਹਦਾਇਤ ਕਰ ਦਿੱਤੀ ਜਾਂਦੀ ਹੈ।

3.0 ਇਸ ਮਾਮਲੇ ਨੂੰ ਵੱਖ-ਵੱਖ ਜਿਲ੍ਹਾ ਸਿੱਖਿਆ ਅਫ਼ਸਰਾਂ ਨਾਲ ਵਿਚਾਰਿਆ ਗਿਆ ਹੈ। ਜਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਇਹ ਸਲਾਹ ਦਿੱਤੀ ਗਈ ਹੈ ਕਿ ਅਧਿਆਪਕਾਂ ਦੁਆਰਾ (assignments, practice questions ਆਦਿ) ਕੇਵਲ ਸੋਸ਼ਲ ਮੀਡੀਆ ਗਰੁੱਪਾਂ ਵਿੱਚ ਫਾਰਵਰਡ ਕਰਨਾ ਕਾਫੀ ਨਹੀਂ ਹੈ। ਇਸ ਸਮੇਂ ਲੋੜ ਹੈ ਕਿ ਵਿਦਿਆਰਥੀਆਂ ਨੂੰ ਇਸ ਸਮੱਗਰੀ ਦਾ ਵੱਧ ਤੋਂ ਵੱਧ ਅਭਿਆਸ ਕਰਵਾਇਆ ਜਾਵੇ। ਇਸਨੂੰ ਧਿਆਨ ਵਿੱਚ ਰੱਖਦਿਆਂ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਬੰਧਤ ਸਕੂਲ ਮੁੱਖੀ ਇਸ ਗੱਲ ਦਾ ਵਿਸ਼ੇਸ਼ ਤੌਰ ਤੇ ਧਿਆਨ ਰੱਖਣ ਅਤੇ ਅਧਿਆਪਕਾਂ ਨੂੰ ਇਸ ਸਬੰਧੀ ਵੱਧ ਤੋਂ ਵੱਧ ਉਤਸ਼ਾਹਿਤ ਕਰਨ ਕਿ ਅਧਿਆਪਕ ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਅਧੀਨ ਦਿੱਤੀ ਗਈ ਪ੍ਰੀਖਿਆ ਦੀ ਸਮੱਗਰੀ (assignments, practice questions ਆਦਿ) ਦਾ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਅਭਿਆਸ ਕਰਵਾਉਣ।

**ਸਕੱਤਰ ਸਕੂਲ ਸਿੱਖਿਆ**